# ਚੋਰੀ ਦੇ ਮੋਟਰਸਾਈਕਲ ਸਮੇਤ 2 ਗ੍ਰਿਫਤਾਰ

ਰੂਪਨਗਰ, 28 ਫਰਵਰੀ (ਵਿਜੇ)- ਜ਼ਿਲੇ ਦੀ ਸਿਟੀ ਮੋਰਿੰਡਾ ਪੁਲਸ ਵਲੋਂ 2 ਦੋਸ਼ੀਆਂ ਨੂੰ ਚੋਰੀ ਦੇ ਮੋਟਰਸਾਈਕਲ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਦੁਆਰਾ ਦਿੱਤੀ ਗਈ ਜਾਣਕਾਰੀ ਅਨੁਸਾਰ ਪੁਲਸ ਅਧਿਕਾਰੀ ਸੁਰਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਦੇ ਸਬੰਧ 'ਚ ਮੜੌਲੀ ਬਾਈਪਾਸ ਮੋਰਿੰਡਾ ਮੌਜੂਦ ਸੀ ਤਾਂ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਮੋਟਰਸਾਈਕਲ ਚੋਰੀ ਕਰ ਕੇ ਅੱਗੇ ਵੇਚਣ ਦੇ ਆਦੀ ਹਨ ਜੋ ਅੱਜ ਵੀ ਮੋਟਰਸਾਈਕਲ ਪਲੈਟੀਨਾ ਚੋਰੀਸ਼ੁਦਾ ਲੈ ਕੇ ਚੁੰਨੀ ਰੋਡ ਵਲੋਂ ਮੋਰਿੰਡਾ ਸਾਈਡ ਨੂੰ ਆ ਰਹੇ ਹਨ ਜਿਨ੍ਹਾਂ ਨੂੰ ਚੋਰੀ ਦੇ ਮੋਟਰਸਾਈਕਲ ਸਮੇਤ ਗ੍ਰਿਫਤਾਰ ਕੀਤਾ ਗਿਆ। ਪੁਲਸ ਨੇ ਦੋਸ਼ੀ ਸਮੀਰ ਸਿੰਘ ਪੁੱਤਰ ਨਰਿੰਦਰ ਸਿੰਘ ਵਾਸੀ ਪਿੰਡ ਰੋਸ਼ਨਪੁਰ ਜ਼ਿਲਾ ਪਟਿਆਲਾ ਅਤੇ ਰਮਿੰਦਰ ਸਿੰਘ ਪੁੱਤਰ ਨਿਸ਼ਾਨ ਸਿੰਘ ਵਾਸੀ ਕਸਬਾ ਸਨੌਰ ਜ਼ਿਲਾ ਪਟਿਆਲਾ ਹਾਲ ਵਾਸੀ ਗੁਰਦੁਆਰਾ ਬੁੱਢਾ ਸਾਹਿਬ ਜ਼ਿਲਾ ਮੋਹਾਲੀ ਖਿਲਾਫ ਪਰਚਾ ਦਰਜ ਕਰ ਕੇ ਗ੍ਰਿਫਤਾਰ ਕਰ ਲਿਆ ਹੈ।

ਜਗ ਬਾਣੀ
ਈ-ਪੇਪਰ
Tue,(
Editic